# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 04-01-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਪਿੰਡਾਂ ਨੂੰ ਵਿਕਾਸ ਅਤੇ ਮੌਕਿਆਂ ਦੇ ਜੀਵੰਤ ਕੇਂਦਰਾਂ ਵਿੱਚ ਬਦਲ ਕੇ ਗ੍ਰਾਮੀਣ ਭਾਰਤ ਨੂੰ ਸਸ਼ਕਤ ਬਣਾਉਣ ਦੇ ਸਰਕਾਰ ਦੇ ਦ੍ਰਿਸ਼ਟੀਕੋਣ 'ਤੇ ਜ਼ੋਰ ਦਿੱਤਾ। ਨਵੀਂ ਦਿੱਲੀ ਵਿੱਚ ਗ੍ਰਾਮੀਣ ਭਾਰਤ ਮਹੋਤਸਵ 2025 ਦਾ ਉਦਘਾਟਨ ਕਰਦੇ ਹੋਏ ਪ੍ਰਧਾਨ ਮੰਤਰੀ ਨੇ ਉਜਾਗਰ ਕੀਤਾ ਕਿ 2014 ਤੋਂ ਸਰਕਾਰ ਪਿੰਡਾਂ ਦੇ ਲੋਕਾਂ ਨੂੰ ਇੱਕ ਸਨਮਾਨਜਨਕ ਜੀਵਨ ਪ੍ਰਦਾਨ ਕਰਨ ਦੀ ਤਰਜੀਹ ਤੇ ਕਮ ਕਰ ਰਹੀ ਏ ।

**Byte-**

ਸ੍ਰੀ ਮੋਦੀ ਨੇ ਕਿਹਾ ਕਿ ਸਵੱਛ ਭਾਰਤ ਅਭਿਆਨ, ਪ੍ਰਧਾਨ ਮੰਤਰੀ ਆਵਾਸ ਯੋਜਨਾ, ਜਲ ਜੀਵਨ ਮਿਸ਼ਨ ਸਮੇਤ ਸਰਕਾਰ ਦੇ ਸਾਰੇ ਯਤਨਾਂ ਦਾ ਉਦੇਸ਼ ਪੇਂਡੂ ਖੇਤਰਾਂ ਦੇ ਲਾਭ ਅਤੇ ਵਿਕਾਸ ਲਈ ਏ । ਉਨ੍ਹਾਂ

ਕਿਹਾ ਕਿ ਲੱਖਾਂ ਪਿੰਡਾਂ ਵਿੱਚ ਪੀਣ ਵਾਲਾ ਸਾਫ਼ ਪਾਣੀ ਹਰ ਘਰ ਵਿੱਚ ਪਹੁੰਚ ਰਿਹਾ ਏ । ਪ੍ਰਧਾਨ ਮੰਤਰੀ ਨੇ ਉਜਾਗਰ ਕੀਤਾ ਕਿ ਡਿਜੀਟਲ ਟੈਕਨਾਲੋਜੀ ਦੀ ਮਦਦ ਨਾਲ ਉਨ੍ਹਾਂ ਦੀ ਸਰਕਾਰ ਨੇ ਦੇਸ਼ ਦੇ ਸਭ ਤੋਂ ਵਧੀਆ ਡਾਕਟਰਾਂ ਅਤੇ ਹਸਪਤਾਲਾਂ ਨੂੰ ਪਿੰਡਾਂ ਨਾਲ ਜੋੜਿਆ ਏ , ਜਿਸ ਨਾਲ ਟੈਲੀਮੇਡੀਸਨ ਦਾ ਲਾਭ ਲਿਆ ਜਾ ਸਕੇ । ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਪਿਛਲੇ 10 ਸਾਲਾਂ ਵਿੱਚ ਉਨ੍ਹਾਂ ਦੀ ਸਰਕਾਰ ਨੇ ਪੇਂਡੂ ਆਬਾਦੀ ਦੇ ਹਰ ਵਰਗ ਲਈ ਵਿਸ਼ੇਸ਼ ਨੀਤੀਆਂ ਬਣਾਈਆਂ ਨੇ ਅਤੇ ਫੈਸਲੇ ਲਏ ਨੇ । ਉਨ੍ਹਾਂ ਇਸ ਗੱਲ ’ਤੇ ਵੀ ਚਾਨਣਾ ਪਾਇਆ ਕਿ ਸਿਰਫ 2-3 ਦਿਨ ਪਹਿਲਾਂ, ਮੰਤਰੀ ਮੰਡਲ ਨੇ ਪ੍ਰਧਾਨ ਮੰਤਰੀ ਫਸਲ ਬੀਮਾ ਯੋਜਨਾ ਨੂੰ ਇੱਕ ਸਾਲ ਹੋਰ ਜਾਰੀ ਰੱਖਣ ਦੀ ਪ੍ਰਵਾਨਗੀ ਦਿੱਤੀ ਸੀ। ਇਹ ਮਹਾਉਤਸਵ ਨਵੀਂ ਦਿੱਲੀ ਵਿਚ ਭਾਰਤ ਮੰਡਪਮ ਵਿਖੇ ਆਯੋਜਿਤ ਕੀਤਾ ਗਿਆ ਏ ਅਤੇ 9 ਜਨਵਰੀ ਤੱਕ ਆਮ ਲੋਕਾਂ ਲਈ ਖੁੱਲਾ ਰਹੇਗਾ । ਇਸ ਦਾ ਥੀਮ 'ਵਿਕਸਤ ਭਾਰਤ 2047 ਲਈ ਲਚਕੀਲੇ ਪੇਂਡੂ ਭਾਰਤ ਦਾ ਨਿਰਮਾਣ' ਏ । ਇਸ ਮਹੋਤਸਵ ਤਹਿਤ ਉੱਦਮਤਾ ਦੁਆਰਾ ਪੇਂਡੂ ਔਰਤਾਂ ਨੂੰ ਸਸ਼ਕਤ ਕਰਨ ਤੇ ਜ਼ੋਰ ਦਿੱਤਾ ਜਾ ਰਿਹਾ ਏ ।

---

ਭਾਰਤ ਵਿੱਚ ਦਿਹਾਤੀ ਗਰੀਬੀ ਦਰ ਵਿੱਤੀ ਸਾਲ 2011-12 ਵਿੱਚ 25.7 ਫੀਸਦੀ ਸੀ, ਜੋ ਵਿੱਤੀ ਸਾਲ 2023-24 ਵਿੱਚ ਜ਼ਿਕਰਯੋਗ ਰੂਪ ਨਾਲ ਘੱਟ ਕੇ 4.86 ਫੀਸਦੀ ਰਹਿ ਗਈ ਏ ।ਭਾਰਤੀ ਸਟੇਟ ਬੈਂਕ ਦੇ ਖਪਤ ਖਰਚ ਸਰਵੇਖਣ 'ਤੇ ਖੋਜ ਅਨੁਸਾਰ ਪਿਛਲੇ 12 ਸਾਲਾਂ ਵਿੱਚ ਸ਼ਹਿਰੀ ਗਰੀਬੀ 13.7 ਫੀਸਦੀ ਤੋਂ ਘਟ ਕੇ 4.09 ਫੀਸਦੀ ਰਹਿ ਗਈ ਏ । ਭਾਰਤੀ ਸਟੇਟ ਬੈਂਕ ਦੀ ਇਹ ਖੋਜ ਦਰਸਾਉਂਦੀ ਏ ਕਿ ਪੇਂਡੂ ਗਰੀਬੀ ਵਿੱਚ ਤੇਜ਼ੀ ਨਾਲ ਗਿਰਾਵਟ ਦਾ ਕਾਰਨ, ਸਰਕਾਰੀ ਸਹਾਇਤਾ ਕਾਰਨ ਕਮਜ਼ੋਰ ਵਰਗਾਂ ਵਿੱਚ ਖਪਤ ਵਿੱਚ ਵਾਧਾ ਏ । ਖੋਜ ਵਿੱਚ ਪਾਇਆ ਗਿਆ ਏ ਕਿ ਖਾਣ-ਪੀਣ ਦੀਆਂ ਵਸਤਾਂ ਦੀਆਂ ਕੀਮਤਾਂ ਵਿੱਚ ਵਾਧਾ ਨਾ ਸਿਰਫ਼ ਖੁਰਾਕੀ ਖਰਚਿਆਂ ਨੂੰ ਪ੍ਰਭਾਵਿਤ ਕਰਦਾ ਏ , ਸਗੋਂ ਕੁੱਲ ਖਰਚੇ ਨੂੰ ਵੀ ਪ੍ਰਭਾਵਿਤ ਕਰਦਾ ਏ । ਖੋਜ ਮੁਤਾਬਿਕ ਸ਼ਹਿਰੀ ਗਰੀਬੀ ਹੋਰ ਘਟ ਸਕਦੀ ਏ । ਸਮੁੱਚੇ ਪੱਧਰ 'ਤੇ, ਭਾਰਤ ਵਿਚ ਗਰੀਬੀ ਦੀ ਦਰ ਹੁਣ 4 ਫੀਸਦੀ ਤੋਂ 4.5 ਫੀਸਦੀ ਦੇ ਵਿਚਕਾਰ ਹੋ ਸਕਦੀ ਏ । ਗ੍ਰਾਮੀਣ ਅਤੇ ਸ਼ਹਿਰੀ

ਮਹੀਨੇਵਾਰ ਪ੍ਰਤੀ ਵਿਅਕਤੀ ਖਪਤ ਖਰਚੇ ਵਿਚਕਾਰ ਪਾੜਾ ਹੁਣ ਘਟ ਕੇ 69.7 ਫੀਸਦੀ ਰਹਿ ਗਿਆ ਏ । ਇਹ ਸੁਧਾਰ ਮੁੱਖ ਤੌਰ 'ਤੇ ਸਰਕਾਰੀ ਪਹਿਲਕਦਮੀਆਂ ਜਿਵੇਂ ਕਿ ਸਿੱਧੇ ਲਾਭ ਦੇ ਤਬਾਦਲੇ, ਪੇਂਡੂ ਬੁਨਿਆਦੀ ਢਾਂਚੇ ਦਾ ਵਿਕਾਸ, ਕਿਸਾਨਾਂ ਦੀ ਆਮਦਨ ਵਿੱਚ ਵਾਧਾ ਅਤੇ ਪੇਂਡੂ ਜੀਵਨ ਵਿੱਚ ਮਹੱਤਵਪੂਰਨ ਸੁਧਾਰ ਦੇ ਕਾਰਨ ਏ।

---------------------------------------------------------

ਦਸ਼ਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 358ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ, ਤਿੰਨ ਰੋਜ਼ਾ ਪ੍ਰਕਾਸ਼ ਉਤਸਵ ਅੱਜ ਸਵੇਰੇ ਬਿਹਾਰ ਦੇ ਪਟਨਾ ਵਿਚ, ਤਖ਼ਤ ਸ੍ਰੀ ਹਰਿਮੰਦਰ ਸਾਹਿਬ ਵਿਖੇ ਸ਼ੁਰੂ ਹੋ ਗਿਆ । ਤਖ਼ਤ ਸ੍ਰੀ ਹਰਿਮੰਦਰ ਸਾਹਿਬ ਖਾਲਸਾ ਪੰਥ ਦੇ ਬਾਨੀ ਗੁਰੂ ਗੋਬਿੰਦ ਸਿੰਘ ਜੀ ਦਾ ਜਨਮ ਅਸਥਾਨ ਏ। ਸਮਾਗਮਾਂ ਵਿੱਚ ਸ਼ਾਮਲ ਹੋਣ ਲਈ ਦੇਸ਼-ਵਿਦੇਸ਼ ਤੋਂ ਵੱਡੀ ਗਿਣਤੀ ਵਿੱਚ ਸ਼ਰਧਾਲੂ ਪਟਨਾ ਸਾਹਿਬ ਪਹੁੰਚ ਰਹੇ ਨੇ ।ਇਧਰ ਅੰਮ੍ਰਿਤਸਰ ਵਿਚ ਸਾਹਿਬੇ-ਕਮਾਲ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਕਮੇਟੀ ਵਲੋਂ ਸੰਗਤਾਂ ਦੇ ਸਹਿਯੋਗ ਨਾਲ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ

ਤੋਂ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਇਹ ਨਗਰ ਕੀਰਤਨ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਛਤਰਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਜੈਕਾਰਿਆਂ ਦੀ ਗੂੰਜ ਚ ਸ੍ਰੀ ਅਕਾਲ ਤਖਤ ਸਾਹਿਬ ਤੋਂ ਆਰੰਭ ਹੋ ਕੇ ਸ੍ਰੀ ਦਰਬਾਰ ਸਾਹਿਬ ਦੀ ਪਰਿਕਰਮਾ ਚੋਂ ਹੁੰਦਾ ਹੋਇਆ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪਹੁੰਚ ਕੇ ਸੰਪੂਰਨ ਹੋਇਆ। ਹੁਸ਼ਿਆਰਪੁਰ ਦੇ ਗੁਰਦੁਆਰਾ ਟਿੱਬਾ ਸਾਹਿਬ ਤੋਂ ਵੀ ਨਗਰ ਕੀਰਤਨ ਸਜਾਇਆ ਗਿਆ ।

---------------------------------------------------------

ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਅਤੇ ਫੂਡ ਪ੍ਰੋਸੈਸਿੰਗ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਸੂਬੇ ਵਿੱਚ ਪਸ਼ੂਆਂ ਦੀ ਉਤਪਾਦਕਤਾ ਵਿੱਚ ਵਾਧਾ ਕਰਨ ਅਤੇ ਖੇਤੀਬਾੜੀ ਖੇਤਰ ਵਿੱਚ ਟਿਕਾਊ ਵਿਕਾਸ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਪੰਜਾਬ ਸਰਕਾਰ ਵੱਲੋਂ ਚਾਰੇ ਦੀ ਪੈਦਾਵਾਰ ਨਾਲ ਸਬੰਧਤ ਚੁਣੌਤੀਆਂ ਦੇ ਹੱਲ ਲਈ ਐਲਫਾਲਫਾ ਨੂੰ ਸੂਬੇ ਦੀ ਚਾਰਾ ਪ੍ਰਣਾਲੀ ਵਿੱਚ ਸ਼ਾਮਲ ਕਰਨ ਲਈ ਸਹਿਯੋਗੀ ਪਹਿਲਕਦਮੀਆਂ ਨੂੰ ਉਤਸ਼ਾਹਿਤ ਕੀਤਾ ਜਾਵੇਗਾ । ਇਹ ਜਾਣਕਾਰੀ

ਮੰਤਰੀ ਖੁੱਡੀਆਂ ਨੇ ਸੀ.ਆਈ.ਆਈ. ਦੇ ਉੱਤਰੀ ਖੇਤਰ ਦੇ ਹੈੱਡਕੁਆਰਟਰ ਵਿਖੇ ਪੰਜਾਬ ਐਗਰੋ ਇੰਡਸਟਰੀਜ਼ ਕਾਰਪੋਰੇਸ਼ਨ ਲਿਮਟਿਡ ਵੱਲੋਂ ਨਮੋਸਟੂਟ ਇਨੋਵੇਟਰਜ਼ ਐਲ.ਐਲ.ਪੀ. ਅਤੇ ਟੀਮ ਐਥੀਨਾ ਦੇ ਸਹਿਯੋਗ ਨਾਲ ਸਸਟੇਨੇਬਲ ਫੌਰੇਜ ਸਲਿਊਸ਼ਨ: ਐਲਫਾਲਫਾ-ਮੈਕਨਾਈਜ਼ੇਸ਼ਨ, ਪ੍ਰੋਡਕਸ਼ਨ ਅਤੇ ਮਾਰਕੀਟਿੰਗ ਬਾਰੇ ਕਰਵਾਈ ਸਟੇਕਹੋਲਡਰਜ਼ ਦੀ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਦਿੱਤੀ। ਚਾਰੇ ਦੀ ਘਾਟ ਨਾਲ ਨਜਿੱਠਣ ਤੇ ਪਸ਼ੂਆਂ ਦੀ ਉਤਪਾਦਕਤਾ ਵਿੱਚ ਵਾਧਾ ਕਰਨ ਲਈ ਨਵੀਨਤਮ ਉਪਾਵਾਂ ਦੀ ਮਹੱਤਤਾ ’ਤੇ ਜ਼ੋਰ ਦਿੰਦਿਆਂ ਮੰਤਰੀ ਦੱਸਿਆ ਕਿ ਪੰਜਾਬ ਐਗਰੋ ਵੱਲੋਂ ਲੁਧਿਆਣਾ ਦੇ ਲਾਡੋਵਾਲ ਵਿਖੇ 60 ਏਕੜ ਵਿੱਚ ਐਲਫਾਲਫਾ ਦੀ ਖੇਤੀ ਕੀਤੀ ਗਈ ਏ। ਉਨ੍ਹਾਂ ਕਿਹਾ ਕਿ ਐਲਫਾਲਫਾ ਚਾਰੇ ਦੀ ਕਾਸ਼ਤ ਦੇ ਬਹੁਤ ਸਾਰੇ ਲਾਭ ਨੇ ਜਿਹਨਾਂ ਵਿੱਚ ਉੱਚ ਪੋਸ਼ਣ ਵਾਲੇ ਤੱਤ ਅਤੇ ਪਸ਼ੂਆਂ ਦੀ ਸਿਹਤ ਵਿੱਚ ਸੁਧਾਰ ਕਰਨਾ ਸ਼ਾਮਲ ਏ।